ਮਹਲਾ ੧ ਮਲਾਰ ॥ ਪਰ ਦਾਰਾ ਪਰ ਧਨੁ ਪਰ ਲੋਭਾ ਹਉਮੈ ਬਿਖੈ ਬਿਕਾਰ ॥ ਦੁਸਟ ਭਾਉ ਤਜਿ ਨਿੰਦ ਪਰਾਈ ਕਾਮੁ ਕ੍ਰੋਧੁ ਚੰਡਾਰ ॥੧॥ ਮਹਲ ਮਹਿ ਬੈਠੇ ਅਗਮ ਅਪਾਰ ॥ ਭੀਤਰਿ ਅੰਮ੍ਰਿਤੁ ਸੋਈ ਜਨੁ ਪਾਵੈ ਜਿਸੁ ਗੁਰ ਕਾ ਸਬਦੁ ਰਤਨੁ ਆਚਾਰ ॥੧॥ ਰਹਾਉ ॥ ਦੁਖ ਸੁਖ ਦੋਊ ਸਮ ਕਰਿ ਜਾਨੈ ਬੁਰਾ ਭਲਾ ਸੰਸਾਰ ॥ ਸੁਧਿ ਬੁਧਿ ਸੁਰਤਿ ਨਾਮਿ ਹਰਿ ਪਾਈਐ ਸਤਸੰਗਤਿ ਗੁਰ ਪਿਆਰ ॥੨॥ ਅਹਿਨਿਸਿ ਲਾਹਾ ਹਰਿ ਨਾਮੁ ਪਰਾਪਤਿ ਗੁਰੁ ਦਾਤਾ ਦੇਵਣਹਾਰੁ ॥ ਗੁਰਮੁਖਿ ਸਿਖ ਸੋਈ ਜਨੁ ਪਾਏ ਜਿਸ ਨੋ ਨਦਰਿ ਕਰੇ ਕਰਤਾਰੁ ॥੩॥ ਕਾਇਆ ਮਹਲੁ ਮੰਦਰੁ ਘਰੁ ਹਰਿ ਕਾ ਤਿਸੁ ਮਹਿ ਰਾਖੀ ਜੋਤਿ ਅਪਾਰ ॥ ਨਾਨਕ ਗੁਰਮੁਖਿ ਮਹਲਿ ਬੁਲਾਈਐ ਹਰਿ ਮੇਲੇ ਮੇਲਣਹਾਰ ॥੪॥੫॥ {ਪੰਨਾ 1255-1256}

ਪਦ ਅਰਥ:- ਦਾਰਾ—ਇਸਤ੍ਰੀ। ਧਨੁ—ਪਦਾਰਥ, ਮਾਲ। ਬਿਖੈ—ਵਿਸ਼ੇ। ਬਿਕਾਰ—ਮੰਦੇ ਕੰਮ। ਦੁਸਟ ਭਾਉ—ਮੰਦੀ ਨੀਅਤ। ਤਜਿ—ਤਜੈ, ਤਿਆਗਦਾ ਹੈ। ਚੰਡਾਰ—ਚੰਡਾਲ।1।

ਮਹਲ—ਸਰੀਰ। ਅਗਮ—ਅਪਹੁੰਚ। ਅਪਾਰ—ਬੇਅੰਤ। ਭੀਤਰਿ—(ਹਿਰਦੇ ਦੇ) ਅੰਦਰ। ਸਬਦੁ ਰਤਨੁ—ਰਤਨੁ ਸਬਦੁ, ਸ੍ਰੇਸ਼ਟ ਸ਼ਬਦ। ਆਚਾਰ—ਨਿੱਤ ਦੀ ਕ੍ਰਿਆ, ਨਿੱਤ ਦਾ ਆਹਰ।1। ਰਹਾਉ।

ਸਮ—ਬਰਾਬਰ, ਇਕੋ ਜਿਹੇ। ਬੁਰਾ ਭਲਾ ਸੰਸਾਰ—ਸੰਸਾਰ ਦਾ ਚੰਗਾ ਮੰਦਾ ਸਲੂਕ। ਸੁਧਿ—ਸੂਝ। ਬੁਧਿ—ਅਕਲ, ਬੂਝ। ਪਾਈਐ—ਪ੍ਰਾਪਤ ਕਰੀਦੀ ਹੈ।2।

ਅਹਿ—ਦਿਨ। ਨਿਸਿ—ਰਾਤ। ਲਾਹਾ—ਲਾਭ। ਸਿਖ—ਸਿੱਖਿਆ।3।

ਕਾਇਆ—ਸਰੀਰ। ਮਹਲਿ—ਮਹਲ ਵਿਚ।4।

ਅਰਥ:- ਅਪਹੁੰਚ ਤੇ ਬੇਅੰਤ ਪ੍ਰਭੂ ਜੀ ਹਰੇਕ ਸਰੀਰ ਵਿਚ ਬੈਠੇ ਹੋਏ ਹਨ (ਮੌਜੂਦ ਹਨ), ਪਰ ਉਹੀ ਮਨੁੱਖ ਪ੍ਰਭੂ ਜੀ ਦਾ ਨਾਮ-ਅੰਮ੍ਰਿਤ ਹਾਸਲ ਕਰਦਾ ਹੈ ਜਿਸ ਦੀ ਨਿੱਤ ਦੀ ਕ੍ਰਿਆ ਗੁਰੂ ਦਾ ਸ੍ਰੇਸ਼ਟ ਸ਼ਬਦ (ਆਪਣੇ ਅੰਦਰ ਵਸਾਣਾ) ਹੋ ਜਾਏ।1। ਰਹਾਉ।

(ਜੇਹੜਾ ਮਨੁੱਖ ਗੁਰੂ ਦਾ ਸ਼ਬਦ ਹਿਰਦੇ ਵਿਚ ਵਸਾਂਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹਾਸਲ ਕਰਦਾ ਹੈ, ਉਹ) ਪਰਾਈ ਇਸਤ੍ਰੀ (ਦਾ ਸੰਗ), ਪਰਾਇਆ ਧਨ, ਬਹੁਤ ਲਾਲਚ, ਹਉਮੈ, ਵਿਸ਼ਿਆਂ (ਵਾਲੀ ਰੁਚੀ), ਮੰਦੇ ਕਰਮ, ਭੈੜੀ ਨੀਅਤ, ਪਰਾਈ ਨਿੰਦਿਆ, ਕਾਮ ਅਤੇ ਚੰਡਾਲ ਕ੍ਰੋਧ—ਇਹ ਸਭ ਕੁਝ ਤਿਆਗ ਦੇਂਦਾ ਹੈ।1।

ਉਹ ਮਨੁੱਖ ਦੁੱਖਾਂ ਨੂੰ ਇਕੋ ਜਿਹਾ ਜਾਣਦਾ ਹੈ, ਜਗਤ ਵਲੋਂ ਮਿਲਦੇ ਚੰਗੇ ਮੰਦੇ ਸਲੂਕ ਨੂੰ ਭੀ ਬਰਾਬਰ ਜਾਣ ਕੇ ਹੀ ਸਹਾਰਦਾ ਹੈ (ਇਹ ਸਭ ਕੁਝ ਹਰਿ-ਨਾਮ ਦੀ ਬਰਕਤਿ ਹੈ)। ਪਰ ਇਹ ਸੂਝ ਬੂਝ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜਿਆਂ ਹੀ ਪ੍ਰਾਪਤ ਹੁੰਦੀ ਹੈ, ਸਾਧ ਸੰਗਤਿ ਵਿਚ ਰਹਿ ਕੇ ਗੁਰੂ-ਚਰਨਾਂ ਨਾਲ ਪਿਆਰ ਕੀਤਿਆਂ ਹੀ ਮਿਲਦੀ ਹੈ।2।

ਗੁਰੂ ਦੇ ਸਨਮੁਖ ਹੋ ਕੇ ਸਿੱਖਿਆ ਭੀ ਉਹੀ ਮਨੁੱਖ ਲੈ ਸਕਦਾ ਹੈ ਜਿਸ ਉਤੇ ਕਰਤਾਰ ਮਿਹਰ ਦੀ ਨਜ਼ਰ ਕਰਦਾ ਹੈ। ਗੁਰੂ ਨਾਮ ਦੀ ਦਾਤਿ ਦੇਣ ਵਾਲਾ ਹੈ ਦੇਣ ਦੇ ਸਮਰੱਥ ਹੈ (ਜਿਸ ਮਨੁੱਖ ਉਤੇ ਕਰਤਾਰ ਦੀ ਨਜ਼ਰ ਹੁੰਦੀ ਹੈ, ਉਸ ਮਨੁੱਖ ਨੂੰ ਗੁਰੂ ਪਾਸੋਂ) ਦਿਨ ਰਾਤ ਪ੍ਰਭੂ-ਨਾਮ ਦਾ ਲਾਭ ਮਿਲਿਆ ਰਹਿੰਦਾ ਹੈ।3।

ਇਹ ਮਨੁੱਖਾ ਸਰੀਰ ਪਰਮਾਤਮਾ ਦਾ ਮਹਲ ਹੈ ਪਰਮਾਤਮਾ ਦਾ ਮੰਦਰ ਹੈ ਪਰਮਾਤਮਾ ਦਾ ਘਰ ਹੈ, ਬੇਅੰਤ ਪਰਮਾਤਮਾ ਨੇ ਇਸ ਵਿਚ ਆਪਣੀ ਜੋਤਿ ਟਿਕਾ ਰੱਖੀ ਹੈ। (ਜੀਵ ਆਪਣੇ ਹਿਰਦੇ-ਮਹਲ ਵਿਚ ਵੱਸਦੇ ਪ੍ਰਭੂ ਨੂੰ ਛੱਡ ਕੇ ਬਾਹਰ ਭਟਕਦਾ ਫਿਰਦਾ ਹੈ) ਹੇ ਨਾਨਕ! (ਬਾਹਰ ਭਟਕਦਾ ਜੀਵ) ਗੁਰੂ ਦੀ ਰਾਹੀਂ ਹੀ ਹਿਰਦੇ-ਮਹਲ ਵਿਚ ਮੋੜ ਕੇ ਲਿਆਂਦਾ ਜਾ ਸਕਦਾ ਹੈ, ਤੇ ਤਦੋਂ ਮੇਲਣ ਦੇ ਸਮਰੱਥ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ।4।5।